# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-11-2024**

- ਭਾਰਤੀ ਖੁਰਾਕ ਨਿਗਮ ਅਤੇ ਸੂਬਾ ਏਜੰਸੀਆਂ ਨੇ ਸਾਉਣੀ ਦੇ ਮੰਡੀਕਰਨ ਸੀਜ਼ਨ 2024-25 ਦੌਰਾਨ, ਪੰਜਾਬ ਵਿਚ 2ਨਵੰਬਰ ਤੱਕ, 85 ਲੱਖ 41 ਹਜ਼ਾਰ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ।
- ਦੇਸ਼ ਭਰ ਵਿੱਚ ਭਾਈ ਦੂਜ ਦਾ ਤਿਉਹਾਰ ਮਨਾਇਆ ਜਾ ਰਿਹਾ ਏ- ਪ੍ਰਧਾਨ ਮੰਤਰੀ ਅਤੇ ਕੇਂਦਰੀ ਗ੍ਰਹਿ ਮੰਤਰੀ ਨੇ ਇਸ ਮੌਕੇ ਸਾਰੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।
- ਉੱਤਰਾਖੰਡ ਵਿੱਚ ਸਥਿਤ ਵਿਸ਼ਵ ਪ੍ਰਸਿੱਧ 11ਵੇਂ ਜਯੋਤਿਰਲਿੰਗ ਸ੍ਰੀ ਕੇਦਾਰਨਾਥ ਧਾਮ ਅਤੇ ਯਮੁਨੋਤਰੀ ਧਾਮ ਦੇ ਦਰਵਾਜ਼ੇ ਸਰਦੀਆਂ ਲਈ ਬੰਦ ਕਰ ਦਿੱਤੇ ਗਏ ਨੇ।

- ਨਿਊਜ਼ੀਲੈਂਡ ਨੇ ਤੀਜੇ ਕ੍ਰਿਕਟ ਟੈਸਟ ਮੈਚ ਵਿੱਚ, ਭਾਰਤ ਨੂੰ 25 ਦੌੜਾਂ ਨਾਲ ਹਰਾ ਕੇ, ਤਿੰਨ ਮੈਚਾਂ ਦੀ ਲੜੀ 3-0 ਨਾਲ ਜਿਤੀ।

---------------------------------------------

ਪੰਜਾਬ ਦੀਆਂ ਮੰਡੀਆਂ ਵਿੱਚ 2 ਨਵੰਬਰ ਤੱਕ ਕੁੱਲ 90 ਲੱਖ 69 ਹਜ਼ਾਰ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ, ਜਿਸ ਵਿੱਚੋਂ 85 ਲੱਖ 41 ਹਜ਼ਾਰ ਮੀਟ੍ਰਿਕ ਟਨ ਦੀ ਸਰਕਾਰੀ ਏਜੰਸੀਆਂ ਅਤੇ ਭਾਰਤੀ ਖੁਰਾਕ ਨਿਗਮ FCI ਵੱਲੋਂ ਖਰੀਦ ਕੀਤੀ ਜਾ ਚੁੱਕੀ ਏ । ਕੇਂਦਰ ਸਰਕਾਰ ਵੱਲੋਂ ਗ੍ਰੇਡ- ਏ ਝੋਨੇ ਲਈ ਨਿਰਧਾਰਿਤ 2 ਹਜ਼ਾਰ 320 ਰੁਪਏ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਝੋਨਾ ਖਰੀਦਿਆ ਜਾ ਰਿਹਾ ਏ ਅਤੇ ਮੌਜੂਦਾ ਸਾਉਣੀ ਦੇ ਮੰਡੀਕਰਨ ਸੀਜ਼ਨ 2024-25 ਦੌਰਾਨ ਹੁਣ ਤੱਕ ਸਰਕਾਰ ਵੱਲੋਂ 19 ਹਜ਼ਾਰ 800 ਕਰੋੜ ਰੁਪਏ ਦਾ ਝੋਨਾ ਖਰੀਦਿਆ ਜਾ ਚੁੱਕਾ ਏ। ਅਜਿਹਾ ਕੀਤਾ ਗਿਆ ਏ ਅਤੇ 4 ਲੱਖ ਕਿਸਾਨਾਂ ਨੂੰ ਇਸ ਦਾ ਲਾਭ ਹੋਇਆ ਏ। ਇਸ ਤੋਂ ਇਲਾਵਾ 4 ਹਜ਼ਾਰ 640 ਮਿੱਲ ਮਾਲਕਾਂ ਨੇ ਝੋਨੇ

ਦੀ ਕਟਾਈ ਲਈ ਅਰਜ਼ੀਆਂ ਦਿੱਤੀਆਂ ਹਨ ਅਤੇ ਪੰਜਾਬ ਸਰਕਾਰ ਵੱਲੋਂ 4 ਹਜ਼ਾਰ 132 ਮਿੱਲ ਮਾਲਕਾਂ ਨੂੰ ਪਹਿਲਾਂ ਹੀ ਕੰਮ ਅਲਾਟ ਕੀਤਾ ਜਾ ਚੁੱਕਾ ਏ। ਪੰਜਾਬ ਵਿੱਚ ਸਾਉਣੀ ਦੇ ਮੰਡੀਕਰਨ ਸੀਜ਼ਨ 2024-25 ਲਈ ਝੋਨੇ ਦੀ ਖਰੀਦ ਪਹਿਲੀ ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਏ ਅਤੇ ਪੰਜਾਬ ਦੇ ਕਿਸਾਨਾਂ ਤੋਂ ਨਿਰਵਿਘਨ ਖਰੀਦ ਲਈ, ਸੂਬੇ ਭਰ ਵਿੱਚ 2 ਹਜ਼ਾਰ 927 ਮੰਡੀਆਂ ਅਤੇ ਆਰਜ਼ੀ ਯਾਰਡ ਚਾਲੂ ਨੇ। ਕੇਂਦਰ ਸਰਕਾਰ ਨੇ ਮੌਜੂਦਾ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ, 185 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਅਨੁਮਾਨਿਤ ਟੀਚਾ ਰੱਖਿਆ ਏ , ਜੋ ਕਿ 30 ਨਵੰਬਰ ਤੱਕ ਜਾਰੀ ਰਹੇਗਾ। ਭਾਵੇਂ ਸਤੰਬਰ ਵਿੱਚ ਹੋਈ ਭਾਰੀ ਬਰਸਾਤ ਅਤੇ ਝੋਨੇ ਵਿੱਚ ਨਮੀ ਦੀ ਮਾਤਰਾ ਵੱਧ ਹੋਣ ਕਾਰਨ, ਖਰੀਦ ਥੋੜੀ ਦੇਰੀ ਨਾਲ ਸ਼ੁਰੂ ਹੋਈ ਸੀ, ਪਰ ਹੁਣ ਖਰੀਦ ਜ਼ੋਰਾਂ ’ਤੇ ਏ।

-------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਝੋਨੇ ਦੀ ਚੱਲ ਰਹੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ

ਕਿ 2 ਨਵੰਬਰ ਤੱਕ ਜ਼ਿਲ੍ਹੇ ਦੇ ਕਿਸਾਨਾਂ ਨੂੰ ਖ਼ਰੀਦ ਕੀਤੀ ਗਈ ਫ਼ਸਲ ਦੀ 1267 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਡਾ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੇ ਕੱਲ ਤੱਕ 5 ਲਖ 94 ਹਜ਼ਾਰ 523 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ, ਜਿਸ ਵਿੱਚੋਂ 5 ਲਖ 88 ਹਜ਼ਾਰ 235 ਮੀਟ੍ਰਿਕ ਟਨ ਫ਼ਸਲ ਦੀ ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ ਖ਼ਰੀਦ ਕੀਤੀ ਜਾ ਚੁੱਕੀ ਏ । ਉਨ੍ਹਾਂ ਕਿਹਾ ਕਿ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਏ । ਫ਼ਸਲ ਦੀ ਖ਼ਰੀਦ ਦੇ ਨਾਲ-ਨਾਲ ਚੁਕਾਈ ਵਿੱਚ ਵੀ ਤੇਜ਼ੀ ਲਿਆਂਦੀ ਗਈ ਏ ਅਤੇ ਹੁਣ ਤੱਕ 2 ਲਖ 14 ਹਜ਼ਾਰ 104 ਮੀਟ੍ਰਿਕ ਟਨ ਝੋਨੇ ਦੀ ਚੁਕਾਈ ਕੀਤੀ ਜਾ ਚੁੱਕੀ ਏ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿਚ ਝੋਨੇ ਦੀ ਨਿਰਵਿਘਨ ਖ਼ਰੀਦ, ਸਮੇਂ-ਸਿਰ ਅਦਾਇਗੀ ਅਤੇ ਨਾਲੋ-ਨਾਲ ਚੁਕਾਈ ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਸਬੰਧਤ ਅਧਿਕਾਰੀਆਂ ਵੱਲੋਂ ਲਗਾਤਾਰ ਖ਼ਰੀਦ ਪ੍ਰਕਿਰਿਆ ’ਤੇ ਨਜ਼ਰ ਰੱਖੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਚੁਕਾਈ

ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਨੇ । ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ।

---------------------------------------------------------

ਅੱਜ ਦੇਸ਼ ਭਰ ਵਿੱਚ ਭਾਈ ਦੂਜ ਦਾ ਤਿਉਹਾਰ ਮਨਾਇਆ ਜਾ ਰਿਹਾ ਏ । ਦੀਵਾਲੀ ਤੋਂ ਦੋ ਦਿਨ ਬਾਅਦ ਮਨਾਇਆ ਜਾਂਦਾ ਇਹ ਤਿਉਹਾਰ, ਪੰਜ ਦਿਨਾਂ ਲੰਮੇ ਤਿਉਹਾਰਾਂ ਦੀ ਸਮਾਪਤੀ ਨੂੰ ਦਰਸਾਉਂਦਾ ਏ । ਭਾਈ ਦੂਜ ਦਾ ਇਹ ਤਿਉਹਾਰ, ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ, ਭਾਈ ਫੋਟਾ, ਭਾਉਬੀਜ , ਭਾਈ ਟੀਕਾ ਅਤੇ ਯਮਾ ਦਵੀਤੀਆ ਜਿਹੇ ਵੱਖ-ਵੱਖ ਨਾਵਾਂ ਨਾਲ ਜਾਣਿਆ ਜਾਂਦਾ ਏ । ਇਸ ਦਿਨ ਭੈਣਾਂ ਆਪਣੇ ਭਰਾਵਾਂ ਦੇ ਮੱਥੇ 'ਤੇ ਟੀਕਾ ਲਾਉਂਦੀਆਂ ਨੇ ਅਤੇ ਉਨ੍ਹਾਂ ਦੀ ਸੁਰੱਖਿਆ ਅਤੇ ਲੰਮੀ ਉਮਰ ਦੀ ਕਾਮਨਾ ਕਰਦੀਆਂ ਨੇ। ਬਦਲੇ ਵਿੱਚ, ਭਰਾ ਆਪਣੀਆਂ ਭੈਣਾਂ ਦੀ ਰੱਖਿਆ ਕਰਨ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਦਾ ਵਾਅਦਾ ਕਰਦੇ ਨੇ ।

-----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਈ ਦੂਜ ਦੇ ਮੌਕੇ 'ਤੇ, ਸਾਰੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਸ਼ੁਭ ਤਿਉਹਾਰ, ਭੈਣ-ਭਰਾ ਵਿਚਕਾਰ ਪਿਆਰ ਨੂੰ ਹੋਰ ਗੂੜ੍ਹਾ ਕਰੇਗਾ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ, ਭਾਈ ਦੂਜ ਦੇ ਪਵਿੱਤਰ ਤਿਉਹਾਰ ਦੇ ਮੌਕੇ 'ਤੇ ਸਾਰੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਾਮਨਾ ਕੀਤੀ ਏ ਕਿ ਪਿਆਰ, ਸਮਰਪਣ ਅਤੇ ਸ਼ਰਧਾ ਦਾ ਇਹ ਤਿਉਹਾਰ, ਹਰ ਕਿਸੇ ਦੇ ਜੀਵਨ ਵਿੱਚ ਬੇਅੰਤ ਖੁਸ਼ੀਆਂ ਲੈ ਕੇ ਆਵੇਗਾ ।

-----------------------------------------------------------------------

----------------------------------------------------------------ਉੱਤਰਾਖੰਡ ਵਿੱਚ ਸਥਿਤ ਵਿਸ਼ਵ ਪ੍ਰਸਿੱਧ 11ਵੇਂ ਜਯੋਤਿਰਲਿੰਗ ਸ਼੍ਰੀ ਕੇਦਾਰਨਾਥ ਧਾਮ ਅਤੇ ਯਮੁਨੋਤਰੀ ਧਾਮ ਦੇ ਦਰਵਾਜ਼ੇ ਸਰਦੀਆਂ ਲਈ ਬੰਦ ਕਰ ਦਿੱਤੇ ਗਏ ਨੇ । ਉੱਤਰਾਖੰਡ ਸਥਿਤ ਵਿਸ਼ਵ ਪ੍ਰਸਿੱਧ 11ਵੇਂ ਜਯੋਤਿਰਲਿੰਗ ਸ਼੍ਰੀ

ਕੇਦਾਰਨਾਥ ਧਾਮ ਅਤੇ ਯਮੁਨੋਤਰੀ ਧਾਮ ਦੇ ਦਰਵਾਜ਼ੇ ਅੱਜ ਭਾਈ ਦੂਜ ਦੇ ਪਵਿੱਤਰ ਤਿਉਹਾਰ 'ਤੇ ਵੈਦਿਕ ਮੰਤਰਾਂ ਨਾਲ ਨਿਯਮਾਂ ਅਤੇ ਰਿਵਾਇਤਾਂ ਅਨੁਸਾਰ ਸਰਦੀਆਂ ਲਈ ਬੰਦ ਕਰ ਦਿੱਤੇ ਗਏ। ਇਸ ਮੌਕੇ ਕੇਦਾਰਨਾਥ 'ਚ 15 ਹਜ਼ਾਰ ਤੋਂ ਵੱਧ ਸ਼ਰਧਾਲੂ ਮੌਜੂਦ ਸਨ। ਇਸ ਯਾਤਰਾ ਦੌਰਾਨ ਰਿਕਾਰਡ 16 ਲਖ 50 ਲੱਖ ਤੋਂ ਵੱਧ ਸ਼ਰਧਾਲੂਆਂ ਨੇ ਕੇਦਾਰਨਾਥ ਧਾਮ ਦੇ ਦਰਸ਼ਨ ਕੀਤੇ। ਦੀਵਾਲੀ ਮੌਕੇ ਕਪਾਟ ਬੰਦੀ ਲਈ ਮੰਦਰ ਨੂੰ ਕਰੀਬ 10 ਕੁਇੰਟਲ ਫੁੱਲਾਂ ਨਾਲ ਸਜਾਇਆ ਗਿਆ ਸੀ। ਦਰਵਾਜ਼ੇ ਬੰਦ ਹੋਣ ਦੇ ਨਾਲ ਹੀ, ਬਾਬਾ ਕੇਦਾਰ ਦਾ ਪੰਚਮੁਖੀ ਉਤਸਵ ਡੋਲੀ, ਹਜ਼ਾਰਾਂ ਸ਼ਰਧਾਲੂਆਂ ਦੀ ਹਾਜ਼ਰੀ ਵਿੱਚ ਆਪਣੀ ਸਰਦ ਰੁੱਤ ਓਮਕਾਰੇਸ਼ਵਰ ਮੰਦਿਰ ਉਖੀਮਠ ਲਈ ਰਵਾਨਾ ਹੋਇਆ। ਪੰਚਮੁਖੀ ਡੋਲੀ ਅੱਜ ਰਾਤ ਦੇ ਠਹਿਰਨ ਲਈ ਆਪਣੇ ਪਹਿਲੇ ਸਟਾਪ ਰਾਮਪੁਰ ਪਹੁੰਚੇਗੀ, ਜਦੋਂ ਕਿ 4 ਨਵੰਬਰ ਨੂੰ ਡੋਲੀ ਸ੍ਰੀ ਵਿਸ਼ਵਨਾਥ ਮੰਦਰ ਗੁਪਤਕਾਸ਼ੀ ਪਹੁੰਚੇਗੀ । ਸਰਦੀਆਂ ਦੇ ਮੌਸਮ ਵਿੱਚ, ਬਾਬਾ ਕੇਦਾਰ ਦੀ ਪੂਜਾ ਓਮਕਾਰੇਸ਼ਵਰ ਮੰਦਰ, ਉਖੀਮਠ ਵਿੱਚ ਹੀ ਕੀਤੀ ਜਾਵੇਗੀ।

-------------------------------------------------------

ਤਿਉਹਾਰਾਂ ਦੌਰਾਨ ਮੁਸਾਫ਼ਰਾਂ ਦੀ ਸਹੂਲਤ ਲਈ ਵਿਸ਼ੇਸ਼ ਪ੍ਰਬੰਧ ਵਜੋਂ ਅੱਜ ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਲਈ 20 ਵਿਸ਼ੇਸ਼ ਰੇਲ ਗੱਡੀਆਂ ਚਲਾ ਰਿਹਾ ਏ । ਇਨ੍ਹਾਂ ਵਿੱਚ ਦਰਭੰਗਾ, ਬਰੌਨੀ, ਪਟਨਾ, ਕਟੜਾ, ਮੁਜ਼ੱਫਰਪੁਰ, ਬਲੀਆ, ਕਾਮਾਖਿਆ ਅਤੇ ਆਜ਼ਮਗੜ੍ਹ ਲਈ ਵਿਸ਼ੇਸ਼ ਰੇਲ ਗੱਡੀਆਂ ਸ਼ਾਮਲ ਨੇ। ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਰੇਲਵੇ ਬੋਰਡ ਦੇ ਕਾਰਜਕਾਰੀ ਨਿਰਦੇਸ਼ਕ ਪਬਲੀਸਿਟੀ ਦਲੀਪ ਕੁਮਾਰ ਨੇ ਦੱਸਿਆ ਕਿ ਅੱਜ ਵੀ ਕਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ । ਉਨ੍ਹਾਂ ਦਸਿਆ ਕਿ ਅੱਜ 186 ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ ਜਿਨ੍ਹਾਂ ਵਿਚ ਨਵੀਂ ਦਿੱਲੀ, ਦਿੱਲੀ, ਆਨੰਦ ਵਿਹਾਰ, ਅੰਮ੍ਰਿਤਸਰ, ਅਹਿਮਦਾਬਾਦ ਸਮੇਤ ਹਰ ਵੱਡੇ ਸਟੇਸ਼ਨ ਸ਼ਾਮਿਲ ਨੇ।

-----------------------------------------------------

ਅੰਮ੍ਰਿਤਸਰ ਦੇ ਰੇਲਵੇ ਅਧਿਕਾਰੀ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਮੁਸਾਫ਼ਰਾਂ ਦੀ ਸਹੂਲਤ ਲਈ ਵਿਸ਼ੇਸ਼ ਤੌਰ ਤੇ ਤਿੰਨ ਰੇਲ ਗੱਡੀਆਂ

ਚਲਾਈਆਂ ਗਈਆਂ ਨੇ ਤਾਂ ਜੋ ਮੁਸਾਫ਼ਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦਸਿਆ ਕਿ ਕੱਲ ਪੰਜਾਬ ਦੇ ਅੰਮ੍ਰਿਤਸਰ ਤੋਂ ਛਪਰਾ ਅਤੇ ਕਟਿਹਾਰ ਦੇ ਲਈ ਤਿੰਨ ਵਿਸ਼ੇਸ਼ ਰੇਲ ਗੱਡੀਆਂ ਸ਼ੁਰੂ ਕੀਤੀਆਂ ਗਈਆਂ।ਇਹਨਾਂ ਵਿਸ਼ੇਸ਼ ਰੇਲ ਗੱਡੀ ਦਾ ਸੰਚਾਲਨ ਫਿਰੋਜਪੁਰ ਰੇਲ ਮੰਡਲ ਵੱਲੋਂ ਕੀਤਾ ਜਾ ਰਿਹਾ ਏ ਕਿਉਂਕਿ ਛੱਟ ਪੂਜਾ ਅਤੇ ਤਿਉਹਾਰਾਂ ਦਾ ਸੀਜਨ ਹੋਣ ਦੇ ਕਾਰਨ ਵੱਡੀ ਗਿਣਤੀ ਵਿੱਚ ਲੋਕ ਰੇਲ ਰਾਹੀਂ ਸਫਰ ਕਰ ਰਹੇ ਨੇ।

---------------------------------------------------------------

ਸਾਉਣੀ ਦੇ ਸੀਜ਼ਨ ਵਿੱਚ ਫ਼ਸਲਾਂ ਦੀ ਬਿਜਾਈ ਦੇ ਮੱਦੇਨਜ਼ਰ ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਸਾਨਾਂ ਨੂੰ ਖਾਦਾਂ ਢੁੱਕਵੇਂ ਅਤੇ ਵਾਜਬ ਭਾਅ ’ਤੇ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਨੇ । ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਅਧਿਕਾਰੀਆਂ ਨੂੰ ਹੁਕਮ ਕੀਤੇ ਨੇ ਕਿ ਉਹ ਖਾਦ ਵਿਕਰੀ ਪੁਆਇੰਟਾਂ ਦੀ ਨਿਯਮਤ ਤੌਰ 'ਤੇ ਜਾਂਚ ਕਰਨ ਤਾਂ ਜੋ ਕਿਸਾਨਾਂ ਨੂੰ ਬਿਜਾਈ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਟੀਮ ਨੇ ਜ਼ਿਲ੍ਹਾ

ਹੁਸ਼ਿਆਰਪੁਰ ਦੇ ਵੱਖ-ਵੱਖ ਬਲਾਕਾਂ ਵਿੱਚ ਸਥਿਤ ਖਾਦ ਵਿਕਰੇਤਾਵਾਂ ਦੇ ਕੇਂਦਰਾਂ ਦਾ ਨਿਰੀਖਣ ਕੀਤਾ। ਸਾਰੇ ਖਾਦ ਵਿਕਰੇਤਾਵਾਂ ਨੂੰ ਆਪਣੇ ਸਟਾਕ ਰਜਿਸਟਰ, ਬਿੱਲ ਬੁੱਕ ਅਤੇ ਪੁਆਇੰਟ ਆਫ਼ ਸੇਲ ਮਸ਼ੀਨਾਂ ਨੂੰ ਗੋਦਾਮ ਵਿੱਚ ਮੌਜੂਦ ਡੀ.ਏ.ਪੀ. ਸਟਾਕ ਨਾਲ ਜੋੜਨ ਦੀ ਹਦਾਇਤ ਕੀਤੀ ਗਈ ਏ। ਇਸ ਦੇ ਨਾਲ ਹੀ ਦੁਕਾਨਾਂ 'ਤੇ ਖਾਦ ਦੀ ਕੀਮਤ ਅਤੇ ਉਪਲਬਧਤਾ ਦੀ ਜਾਣਕਾਰੀ ਸਪੱਸ਼ਟ ਤੌਰ 'ਤੇ ਦਿਖਾਈ ਜਾਵੇ। ਹਰ ਬਿੱਲ 'ਤੇ ਕਿਸਾਨ ਦਾ ਮੋਬਾਈਲ ਨੰਬਰ ਵੀ ਦਰਜ ਹੋਣਾ ਚਾਹੀਦਾ ਏ।

ਕਿਸੇ ਵੀ ਖਾਦ ਵੇਚਣ ਵਾਲੇ ਨੂੰ ਡੀ.ਏ.ਪੀ. ਜਾਂ ਯੂਰੀਆ ਨਾਲ ਬੇਲੋੜੀ ਸਮੱਗਰੀ ਟੈਗ ਕਰਨ ਦੀ ਮਨਾਹੀ ਏ । ਜੇਕਰ ਕੋਈ ਵਿਕਰੇਤਾ ਅਜਿਹੀਆਂ ਬੇਨਿਯਮੀਆਂ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਕਾਰਵਾਈ ਕੀਤੀ ਜਾਵੇਗੀ।

---------------------------------------------------

ਪਟਿਆਲਾ ਜ਼ਿਲ੍ਹੇ ਵਿੱਚ ਪ੍ਰਸ਼ਾਸਨ ਵੱਲੋਂ ਕਿਸਾਨਾਂ ਨਾਲ ਪਰਾਲੀ ਪ੍ਰਬੰਧਨ ਕਰਨ ਲਈ ਰਾਬਤਾ ਰੱਖਿਆ ਜਾ ਰਿਹਾ ਏ  ਤਾਂ ਜੋ ਕਿਸਾਨਾਂ ਨੂੰ ਫ਼ਸਲ ਵੱਢਣ ਤੋਂ ਬਾਅਦ ਤੁਰੰਤ ਪਰਾਲੀ ਦਾ ਨਿਪਟਾਰਾ ਇੰਨ ਸੀਟੂ ਜਾਂ ਐਕਸ

ਸੀਟੂ ਤਕਨੀਕਾਂ ਨਾਲ ਕਰਨ ਲਈ ਲੋੜੀਂਦੀ ਮੁਸ਼ੀਨਰੀ ਉਪਲਬੱਧ ਕਰਵਾਈ ਜਾ ਸਕੇ। ਇਸ ਕੰਮ ਨੂੰ ਸੁਚਾਰੂ ਢੰਗ ਨਾਲ ਕਰਨ ਲਈ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਫ਼ੀਲਡ ਵਿੱਚ ਕੰਮ ਕਰ ਰਿਹਾ ਏ। ਅੱਜ ਵਧੀਕ ਡਿਪਟੀ ਕਮਿਸ਼ਨਰ ਇਸ਼ਾ ਸਿੰਗਲ ਨੇ ਪਿੰਡ ਫ਼ਤਿਗੜ੍ਹ ਛੰਨਾ, ਬਮਣਾ, ਕੁਲਾਰਾ, ਕਕਰਾਲਾ ਤੇ ਪਿੰਡ ਗੰਗਰੋਲੀ ਦਾ ਦੌਰਾ ਕਰਕੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਉਨ੍ਹਾਂ ਪਰਾਲੀ ਪ੍ਰਬੰਧਨ ਕਰਨ ਵਾਲੇ ਪਿੰਡ ਫ਼ਤਿਹਗੜ੍ਹ ਛੰਨਾ ਤੇ ਬੁਜ਼ਰਕ ਦੇ ਕਿਸਾਨਾਂ ਨੂੰ ਸਨਮਾਨਿਤ ਵੀ ਕੀਤਾ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਖੇਤੀਬਾੜੀ ਵਿਭਾਗ ਤੇ ਸਹਿਕਾਰੀ ਸਭਾਵਾਂ ਵੱਲੋਂ ਲਗਾਤਾਰ ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਸੁਚੇਤ ਕੀਤਾ ਜਾ ਰਿਹਾ ਏ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਾਤਾਵਰਣ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਵਧੀਆ ਤਕਨੀਕਾਂ ਦੀ ਵਰਤੋਂ ਕਰਕੇ ਪਰਾਲੀ ਦਾ ਨਿਪਟਾਰਾ ਕਰਨ ਤਾਂ ਜੋ ਅਸੀਂ ਆਪਣੀਆਂ ਆਉਣ ਵਾਲੀਆਂ ਪੀੜੀਆਂ ਨੂੰ ਸਾਫ਼ ਸੁਥਰਾ ਵਾਤਾਵਰਣ ਦੇ ਸਕੀਏ।

----------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਪਰਾਲੀ ਪ੍ਰਬੰਧਨ ਤੇ ਇਸ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਜ਼ਿਲ੍ਹੇ ਅੰਦਰ ਆਧੁਨਿਕ ਮਸ਼ੀਨਰੀ ਦੀ ਕੋਈ ਘਾਟ ਨਹੀਂ ਏ । ਉਹ ਜ਼ਿਲ੍ਹੇ ਦੇ ਪਿੰਡ ਕੋਟਬਖਤੂ ਤੇ ਆਸ-ਪਾਸ ਦੇ ਪਿੰਡਾਂ ਦੇ ਖੇਤਾਂ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਦਾ ਜਾਇਜ਼ਾ ਲੈ ਰਹੇ ਸਨ । ਇਸ ਮੌਕੇ ਉਹਨਾਂ ਦੇ ਨਾਲ ਐਸ.ਐਸ.ਪੀ ਅਮਨੀਤ ਕੌਂਡਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ।

----------------------------------------------------------------------

ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਅਤੇ ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਸਿਵਲ ਅਤੇ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀਆਂ ਨਾਲ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾ ਕੇ ਬਦਲਵੇਂ ਤਰੀਕਿਆਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ । ਉਨ੍ਹਾਂ ਅੱਜ ਪਿੰਡ ਸੰਗਲਾ, ਸੰਗਾਲੀ, ਨਿਆਮਤਪੁਰਾ, ਸਮੇਤ ਹੋਰਨਾਂ ਪਿੰਡਾਂ ਦਾ ਦੌਰਾ ਕੀਤਾ । ਉਨ੍ਹਾਂ ਦੌਰੇ ਦੌਰਾਨ ਪਿੰਡ ਨਿਆਮਤਪੁਰਾ ਵਿਖੇ ਨਾੜ ਨੂੰ ਲੱਗੀ ਅੱਗ

ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਨੇ ਕਿਸਾਨ ਦੇ ਖੇਤ ਵਿੱਚ ਜਾ ਕੇ ਹੋਰ ਸਹਾਇਕਾਂ ਦੀ ਮਦਦ ਨਾਲ ਬੁਝਾਈ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਸ਼ੇਸ ਟੀਮਾਂ ਪਿੰਡ-ਪਿੰਡ ਜਾ ਕੇ ਪਰਾਲੀ ਪ੍ਰਬੰਧਨ ਦੇ ਲਾਭ ਅਤੇ ਪਰਾਲੀ ਸਾੜਨ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਵਲੋਂ ਹੁਣ ਤੱਕ 48 ਅੱਗ ਲੱਗਣ ਦੀਆਂ ਘਟਨਾਵਾਂ ਦੀਆਂ ਸੂਚਨਾਵਾਂ ਸਾਂਝੀਆਂ ਕੀਤੀਆਂ ਗਈਆਂ ਨੇ । ਉਨ੍ਹਾਂ ਦੱਸਿਆ ਕਿ ਕਿਸਾਨ ਵਲੋਂ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਨੂੰ ਸਖਤੀ ਨਾਲ ਨਜਿੱਠਣ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜਾਮ ਕੀਤੇ ਗਏ ਨੇ ,ਇਸ ਦੇ ਬਾਵਜੂਦ ਵੀ ਜ਼ਿਲ੍ਹੇ ਵਿੱਚ 7 ਅੱਗ ਲੱਗਣ ਦੀਆਂ ਘਟਨਾਵਾਂ ਦੀ ਪੁਸਟੀ ਹੋਈ ਏ । ਅੱਗਾਂ ਲਗਾਉਣ ਵਾਲੇ ਕਿਸਾਨਾਂ ਨੂੰ ਸਾਢੇ 17 ਹਜ਼ਾਰ ਰੁਪਏ ਦਾ ਜੁਰਮਾਨਾ ਕੀਤਾ ਗਿਆ ਏ ।

-----------------------------------------------------------

ਮੁਹਾਲੀ ਜ਼ਿਲ੍ਹੇ ਦੇ ਪਿੰਡ ਪੰਨੂਆਂ ਦੇ ਅਗਾਂਹ ਵਧੂ ਕਿਸਾਨ ਜਸਕਰਨ ਸਿੰਘ ਦਾ ਕਹਿਣਾ ਏ ਕਿ ਡੀ ਏ ਪੀ ਦੀ ਘਾਟ ਨੂੰ ਬਦਲਵੇਂ ਫਾਸਫੋਰਸ

ਤੱਤ ਦੀ ਮੌਜੂਦਗੀ ਵਾਲੇ ਖਾਦਾਂ ਨਾਲ ਪੂਰਾ ਕਰ ਲੈਣਾ ਚਾਹੀਦਾ ਏ । ਜਸਕਰਨ ਸਿੰਘ ਨੇ ਬਲਾਕ ਖੇਤੀਬਾੜੀ ਅਫ਼ਸਰ, ਖਰੜ, ਸ਼ੁਭਕਰਨ ਸਿੰਘ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਇਸ ਵਾਰ ਪੰਜ ਏਕੜ ਰਕਬੇ ਵਿੱਚ ਕਣਕ ਦੀ ਬਿਜਾਈ ਜਦਕਿ ਇੱਕ ਏਕੜ ਵਿੱਚ ਸਰੋਂ ਦੀ ਅਤੇ ਇੱਕ ਏਕੜ ਵਿੱਚ ਪਸ਼ੂਆਂ ਲਈ ਹਰੇ ਚਾਰੇ ਦੀ ਬਿਜਾਈ ਕਰ ਰਿਹਾ ਏ । ਉਸ ਦਾ ਕਹਿਣਾ ਏ  ਕਿ ਫਾਸਫੋਰਸ ਤੱਤ ਦੀ ਮੌਜੂਦਗੀ ਵਾਲੀ ਕੋਈ ਵੀ ਚੰਗੀ ਗੁਣਵੱਤਾ ਦੀ ਖਾਦ ਕਿਸਾਨ ਵਰਤ ਸਕਦੇ ਨੇ  ਪਰ ਖਾਦ ਦਾ ਬਿਲ ਜ਼ਰੂਰ ਲਿਆ ਜਾਵੇ ਤਾਂ ਜੋ ਬਾਅਦ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਆਵੇ। ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾਕਟਰ ਗੁਰਮੇਲ ਸਿੰਘ ਨੇ  ਕਿਹਾ ਕਿ ਜੇ ਬਾਜ਼ਾਰ ਵਿੱਚ ਡੀ ਏ ਪੀ ਉਪਲਬਧ ਨਹੀਂ ਤਾਂ ਸਾਨੂੰ ਘਬਰਾਉਣ ਦੀ ਲੋੜ ਨਹੀਂ ਬਲਕਿ  ਫਾਸਫੋਰਸ ਤੱਤ ਵਾਲੀਆਂ ਖਾਦਾਂ ਚੋਂ ਕਿਸੇ ਵੀ ਖਾਦ ਨੂੰ ਵਰਤਿਆ ਜਾ ਸਕਦਾ ਏ

-----------------------------------------------------------

ਨਿਊਜ਼ੀਲੈਂਡ ਨੇ ਭਾਰਤ ਦੇ ਨਾਲ ਤਿੰਨ ਟੈਸਟ ਮੈਚਾਂ ਦੀ ਲੜੀ 3-0 ਨਾਲ ਜਿੱਤ ਲਈ ਏ। ਮੁੰਬਈ 'ਚ ਅੱਜ ਖੇਡੇ ਗਏ ਤੀਜੇ ਅਤੇ ਆਖਰੀ

ਕ੍ਰਿਕਟ ਟੈਸਟ ਮੈਚ 'ਚ, ਨਿਊਜ਼ੀਲੈਂਡ ਨੇ ਭਾਰਤ ਨੂੰ 25 ਦੌੜਾਂ ਨਾਲ ਹਰਾਇਆ । ਜਿੱਤ ਲਈ 147 ਦੌੜਾਂ ਦੇ ਜਵਾਬ 'ਚ ਭਾਰਤ ਦੀ ਟੀਮ 121 ਦੌੜਾਂ ਬਣਾ ਸਕੀ। ਨਿਊਜ਼ੀਲੈਂਡ ਵੱਲੋਂ ਏਜਾਜ਼ ਪਟੇਲ ਨੇ ਚਾਰ ਵਿਕਟਾਂ ਲਈਆਂ। ਕਪਤਾਨ ਰੋਹਿਤ ਸ਼ਰਮਾ ਸਿਰਫ਼ 11 ਦੌੜਾਂ ਬਣਾ ਕੇ ਆਊਟ ਹੋ ਗਏ ਜਦਕਿ ਸ਼ੁਭਮਨ ਗਿੱਲ ਅਤੇ ਵਿਰਾਟ ਕੋਹਲੀ ਸਿਰਫ਼ ਇੱਕ-ਇੱਕ ਦੌੜਾਂ ਹੀ ਬਣਾ ਸਕੇ। ਨਿਊਜ਼ੀਲੈਂਡ ਨੇ ਆਪਣੀ ਪਹਿਲੀ ਪਾਰੀ ਵਿੱਚ, 235 ਦੌੜਾਂ ਅਤੇ ਦੂਜੀ ਪਾਰੀ ਵਿੱਚ 174 ਦੌੜਾਂ ਬਣਾਈਆਂ ਸਨ। ਭਾਰਤ ਦਾ ਪਹਿਲੀ ਪਾਰੀ ਦਾ ਸਕੋਰ 263 ਦੌੜਾਂ ਸੀ। ਇਸ ਤੋਂ ਪਹਿਲਾਂ ਨਿਊਜ਼ੀਲੈਂਡ ਨੇ ਭਾਰਤ ਨੂੰ ਪਹਿਲੇ ਟੈਸਟ ਮੈਚ 'ਚ 8 ਵਿਕਟਾਂ ਅਤੇ ਦੂਜੇ ਟੈਸਟ ਮੈਚ 'ਚ 113 ਦੌੜਾਂ ਨਾਲ ਹਰਾਇਆ ਸੀ।

-----------------------------------------------------------

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਭਾਰਤੀ ਖੁਰਾਕ ਨਿਗਮ ਅਤੇ ਸੂਬਾ ਏਜੰਸੀਆਂ ਨੇ ਸਾਉਣੀ ਦੇ ਮੰਡੀਕਰਨ ਸੀਜ਼ਨ 2024-25 ਦੌਰਾਨ, ਪੰਜਾਬ

ਵਿਚ 2 ਨਵੰਬਰ ਤੱਕ, 85 ਲੱਖ 41 ਹਜ਼ਾਰ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ।

- ਦੇਸ਼ ਭਰ ਵਿੱਚ ਭਾਈ ਦੂਜ ਦਾ ਤਿਉਹਾਰ ਮਨਾਇਆ ਜਾ ਰਿਹਾ ਏ- ਪ੍ਰਧਾਨ ਮੰਤਰੀ ਅਤੇ ਕੇਂਦਰੀ ਗ੍ਰਹਿ ਮੰਤਰੀ ਨੇ ਇਸ ਮੌਕੇ ਸਾਰੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।
- ਉੱਤਰਾਖੰਡ ਵਿੱਚ ਸਥਿਤ ਵਿਸ਼ਵ ਪ੍ਰਸਿੱਧ 11ਵੇਂ ਜਯੋਤਿਰਲਿੰਗ ਸ਼੍ਰੀ ਕੇਦਾਰਨਾਥ ਧਾਮ ਅਤੇ ਯਮੁਨੋਤਰੀ ਧਾਮ ਦੇ ਦਰਵਾਜ਼ੇ ਸਰਦੀਆਂ ਲਈ ਬੰਦ ਕਰ ਦਿੱਤੇ ਗਏ ਨੇ।
- ਅਤੇ
- ਨਿਊਜ਼ੀਲੈਂਡ ਨੇ ਤੀਜੇ ਕ੍ਰਿਕਟ ਟੈਸਟ ਮੈਚ ਵਿੱਚ, ਭਾਰਤ ਨੂੰ 25 ਦੌੜਾਂ ਨਾਲ ਹਰਾ ਕੇ, ਤਿੰਨ ਮੈਚਾਂ ਦੀ ਲੜੀ 3-0 ਨਾਲ ਜਿਤੀ।

ਇਸਦੇ ਨਾਲ ਹੀ ਪ੍ਰਦੇਸ਼ਿਕ ਖ਼ਬਰਾਂ ਖਤਮ ਹੋਈਆਂ, ਨਮਸਕਾਰ !

ReplyForward

Add reaction